**ਈ-1-ਏ (10,000)**

**ਪੰਜਾਬ ਸਕੂਲ ਸਿੱਖਿਆ ਬੋਰਡ**

| | |
|---|---|
| ਵੱਲੋਂ | ਵੱਲ |
| ਸਕੱਤਰ, | ਰਾਜ ਦੇ ਸਮੂਹ ਸਕੂਲਾਂ ਦੇ ਮੁੱਖੀ |
| ਪੰਜਾਬ ਸਕੂਲ ਸਿੱਖਿਆ ਬੋਰਡ | ਸਰਕਾਰ/ਏਡਿਡ/ਐਫੀਲੀਏਟਿਡ, |
| ਐਸ. ਏ. ਐਸ. ਨਗਰ,(ਮੋਹਾਲੀ)-160 062 | ਹਾਈ/ਸੀਨੀ. ਸੈਕੰ. ਸਕੂਲ |

ਪੱਤਰ ਨੰ. ਪਸਸਬ-ਰਜਿ-ਮਾਈ /24721-33720 — ਮਿਤੀ 15.4.2010
ਮੋਹਾਲੀ

---

**ਵਿਸ਼ਾ : ਸਾਲ/ਸੈਸਨ 2010-2011 ਲਈ ਗਿਆਰਵੀਂ / ਬਾਰ੍ਹਵੀਂ ਸ਼੍ਰੇਣੀ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਯੋਗਤਾਵਾਂ ਅਤੇ ਸ਼ਰਤਾਂ।**

ਸ਼੍ਰੀਮਾਨ / ਸ਼੍ਰੀਮਤੀ ਜੀ,

ਦਾਖਲਾ ਸਾਲ ਸ਼ੈਸਨ 2010-2011 ਲਈ ਦਾਖਲੇ ਸ਼ੁਰੂ ਹੋ ਰਹੇ ਹਨ। ਇਸ ਲਈ ਹੇਠ ਅਨੁਸਾਰ 11ਵੀਂ ਅਤੇ 12ਵੀਂ ਸ਼੍ਰੇਣੀ ਲਈ ਦਰਸਾਈਆਂ ਯੋਗਤਾਵਾਂ/ਸ਼ਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹੀ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ :-

## ਭਾਗ - ੳ

## 11ਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾਵਾਂ ਅਤੇ ਸ਼ਰਤਾਂ

ਨਿਮਨਲਿਖਤ ਵਿਦਿਆਰਥੀ 11ਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :-

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਟ੍ਰਿਕ ਪ੍ਰੀਖਿਆ ਪਾਸ ਕੀਤੀ ਹੋਵੇ ਜਾਂ ਕਿਸੇ ਦੂਸਰੇ ਬੋਰਡ ਤੋਂ ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ, ਜਿਸ ਦੀ ਸਮਾਨਤਾ ਬੋਰਡ ਪ੍ਰਵਾਨ ਕਰਦਾ ਹੋਵੇ।
2. ਜਿਨ੍ਹਾਂ ਵਿਦਿਆਰਥੀਆਂ ਦੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲਈ ਗਈ ਮੈਟ੍ਰਿਕ ਦੀ ਪ੍ਰੀਖਿਆ ਵਿੱਚ ਕੰਪਾਰਟਮੈਂਟ/ਰੀਅਪੀਅਰ ਆਈ ਹੋਵੇ।
3. ਕਿਸੇ ਵੀ ਬੋਰਡ/ਨੈਸ਼ਨਲ ਓਪਨ ਸਕੂਲ ਨਵੀਂ ਦਿੱਲੀ, ਜਿਸ ਦੀ ਮੈਟ੍ਰਿਕ ਪ੍ਰੀਖਿਆ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਟ੍ਰਿਕ ਪ੍ਰੀਖਿਆ ਦੇ ਬਰਾਬਰ ਮੰਨੀ ਜਾਂਦੀ ਹੋਵੇ, ਦੇ ਕੰਪਾਰਟਮੈਂਟ/ਰੀ-ਅਪੀਅਰ ਵਿਦਿਆਰਥੀ ਰਾਜ ਦੇ ਸਰਕਾਰੀ/ਏਡਿਡ/ਐਫਿਲੀਏਟਿਡ ਸਕੂਲਾਂ ਵਿੱਚ **+1** ਸ਼੍ਰੇਣੀ ਵਿਚ ਰੈਗੂਲਰ ਵਿਦਿਆਰਥੀ ਵਜੋਂ ਦਾਖਲੇ ਲਈ ਯੋਗ ਹਨ, ਬਸ਼ਰਤੇ ਕਿ ਉਹ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਰਤਮਾਨ ਵਿਨਿਯਮਾਂ ਵਿਚ ਦਰਜ ਉਪਬੰਧ ਵਾਂਗ ਮੈਟ੍ਰਿਕ ਪ੍ਰੀਖਿਆ ਪਹਿਲੇ ਦੋ ਮੌਕਿਆਂ ਵਿਚ ਪਾਸ ਕਰ ਲੈਂਦੇ ਹਨ।

**ਨੋਟ:- ਨਿਰਧਾਰਿਤ ਦੋ ਮੌਕਿਆਂ ਵਿੱਚ ਮੈਟ੍ਰਿਕ ਪ੍ਰੀਖਿਆ ਪਾਸ ਨਾਂ ਕਰਨ ਵਾਲੇ ਕੰਪਾਰਟਮੈਂਟ/ਰੀਅਪੀਅਰ ਵਿਦਿਆਰਥੀ ਜੇਕਰ ਇਹ ਪ੍ਰੀਖਿਆ ਗੋਲਡਨ ਚਾਂਸ ਵਿੱਚ ਪਾਸ ਕਰਦੇ ਹਨ, ਤਾਂ ਉਹ ਇਸ ਸਾਲ ਗਿਆਰਵੀਂ ਸ਼੍ਰੇਣੀ ਵਿੱਚ ਰੈਗੂਲਰ ਦਾਖਲੇ ਦੇ ਯੋਗ ਨਹੀਂ ਹੋਣਗੇ।**

## ਭਾਗ - ਅ

## 12ਵੀਂ ਸ਼੍ਰੇਣੀ ਵਿੱਚ ਦਾਖਲੇ ਲਈ ਯੋਗਤਾ ਅਤੇ ਸ਼ਰਤਾਂ

ਨਿਮਨਲਿਖਤ ਵਿਦਿਆਰਥੀ 12ਵੀਂ ਸ਼੍ਰੇਣੀ ਵਿੱਚ ਦਾਖਲ ਹੋਣ ਦੇ ਯੋਗ ਹਨ :

1. ਜਿਸ ਵਿਦਿਆਰਥੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਐਫੀਲੀਏਟਿਡ/ਸਰਕਾਰੀ/ਏਡਿਡ ਸਕੂਲ ਤੋਂ 11ਵੀਂ ਸ਼੍ਰੇਣੀ ਜਾਂ ਇਸ ਦੇ ਬਰਾਬਰ ਦੀ ਪ੍ਰੀਖਿਆ ਪਾਸ ਕੀਤੀ ਹੋਵੇ।
2. ਜੋ ਵਿਦਿਆਰਥੀ ਬਾਰ੍ਹਵੀਂ ਸ਼੍ਰੇਣੀ ਵਿੱਚੋਂ ਫੇਲ੍ਹ ਹੋਣ, ਉਹ 12ਵੀਂ ਸ਼੍ਰੇਣੀ ਵਿੱਚ ਰੈਗੂਲਰ ਤੌਰ ਤੇ ਦਾਖਲਾ ਲੈ ਸਕਦੇ ਹਨ।
3. ਸਕੂਲ ਮੁੱਖੀ ਇਹ ਯਕੀਨੀ ਬਨਾਉਣ ਕਿ 12ਵੀਂ ਦੀ ਪ੍ਰੀਖਿਆ ਦੇ ਦਾਖਲਾ ਫਾਰਮ ਭੇਜਣ ਸਮੇਂ ਹਰ ਵਿਦਿਆਰਥੀ ਨੂੰ ਦਫਤਰ ਵੱਲੋਂ ਰਜਿਸਟ੍ਰੇਸ਼ਨ ਨੰਬਰ ਜਾਰੀ ਹੋ ਚੁੱਕਾ ਹੋਵੇ। ਸਮੇ ਸਿਰ ਰਜਿ ਨੰ: ਅਲਾਟ ਨਾ ਹੋਣ ਕਾਰਨ ਰੋਲ ਨੰਬਰ ਜਾਰੀ ਨਾ ਹੋਣ ਦੀ ਜਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।
4. ਬੋਰਡ ਵੱਲੋਂ ਜਾਰੀ ਦਾਖਲਾ ਸ਼ੈਡਿਊਲ ਦੀਆਂ ਮਿਤੀਆਂ ਖਤਮ ਹੋਣ ਤੋਂ ਬਾਅਦ ਸਕੂਲ ਮੁੱਖੀਆਂ ਵੱਲੋਂ ਆਪਣੇ ਪੱਧਰ ਤੇ ਕਿਸੇ ਵਿਦਿਆਰਥੀ ਨੂੰ ਦਾਖਲਾ ਨਾ ਦਿੱਤਾ ਜਾਵੇ।
5. ਬੋਰਡ ਵੱਲੋਂ ਪ੍ਰਵਾਨਿਤ ਗਰੁੱਪਾਂ ਅਨੁਸਾਰ ਹੀ ਦਾਖਲਾ ਦਿੱਤਾ ਜਾਵੇ। ਉਨੇ ਵਿਦਿਆਰਥੀਆਂ ਨੂੰ ਹੀ ਹਰੇਕ ਗਰੁਪ ਵਿੱਚ ਦਾਖਲਾ ਦਿੱਤਾ ਜਾਵੇ, ਜਿੰਨੇ ਵਿਦਿਆਰਥਆਂ ਨੂੰ ਦਾਖਲ ਕਰਨ ਦੀ ਬੋਰਡ ਵੱਲੋਂ ਪ੍ਰਵਾਨਗੀ ਮਿਲੀ ਹੋਈ ਹੈ।

6. ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੈ। ਇਸ ਲਈ ਸਮਾਨਤਾ ਸੂਚੀ ਨੂੰ ਮੁੱਖ ਰੱਖ ਕੇ ਹੀ ਵਿਦਿਆਰਥੀਆ ਦੇ ਦਾਖਲੇ ਪ੍ਰਵਾਨ ਕੀਤੇ ਜਾਣ। ਇਸ ਮਕਸਦ ਲਈ ਆਪਣੀ ਸੰਸਥਾ ਵਿੱਚ ਇੱਕ ਦਾਖਲਾ ਪੜਤਾਲ ਕਮੇਟੀ ਬਣਾਈ ਜਾਵੇ, ਜੋ ਪੂਰਵ ਘੋਖ ਕਰਕੇ ਯੋਗਤਾ ਚੈਕ ਕਰੇ ਤਾਂ ਜੋ ਕੋਈ ਅਯੋਗ ਵਿਦਿਆਰਥੀ ਦਾਖਲ ਨਾ ਹੋ ਸਕੇ।

**ਭਾਗ – ੲ**

ਬਾਹਰਲੇ ਬੋਰਡਾਂ ਤੋਂ ਮਾਈਗ੍ਰੇਟ ਹੋ ਕੇ ਆਏ ਵਿਦਿਆਰਥੀਆਂ ਦੇ ਦਾਖਲੇ ਸਬੰਧੀ ਹੇਠਾਂ ਦੱਸੇ ਦਸਤਾਵੇਜ ਪੇਸ਼ ਕਰਨ ਤੇ ਹੀ ਵਿਦਿਆਰਥੀ ਸੰਬੰਧਤ ਸ਼੍ਰੇਣੀ ਵਿੱਚ ਦਾਖਲ ਹੋ ਸਕਦੇ ਹਨ :-

1. ੳ) ਸਬੰਧਤ ਬੋਰਡ ਦਾ ਅਸਲ ਮਾਈਗਰੇਸ਼ਨ ਸਰਟੀਫਿਕੇਟ (ਜਿਥੇ ਲਾਗੂ ਹੋਵੇ)
   ਅ) ਜਿਸ ਸ਼੍ਰੇਣੀ ਵਿੱਚ ਦਾਖਲ ਹੋਣਾ ਹੈ, ਉਸ ਤੋਂ ਪਹਿਲੀ ਸ਼੍ਰੇਣੀ ਪਾਸ ਕਰਨ ਦਾ ਸਰਟੀਫਿਕੇਟ/ਨਤੀਜਾ ਕਾਰਡ (ਡੀ. ਐਮ. ਸੀ. )
   ੲ) ਵਿਦਿਅਕ ਸ਼ੈਸ਼ਨ ਦਰਮਿਆਨ ਜਾਂ ਹੇਠਲੀ ਪ੍ਰੀਖਿਆਂ ਪਾਸ ਕਰਨ ਉਪੰਰਤ ਲੋੜ੍ਹੀਦੀ ਮਾਈਗ੍ਰੇਸ਼ਨ ਲਈ ਸਕੂਲ ਛੱਡਣ ਦਾ ਸਰਟੀਫਿਕੇਟ ਜਿਲਾ ਸਿੱਖਿਆ ਅਫਸਰ ਜਾਂ ਸਬੰਧਤ ਬੋਰਡ ਦੇ ਸਮਰੱਥ ਅਧਿਕਾਰੀ ਦੁਆਰਾ ਪ੍ਰਤੀ ਹਸਤਾਖਰ ਕੀਤਾ ਹੋਣਾ ਚਾਹੀਦਾ ਹੈ।
   ਸ) ਪੰਜਾਬ ਸਕੂਲ ਸਿੱਖਿਆ ਬੋਰਡ ਦੇ ਬਰਾਬਰ ਦੀ ਯੋਗਤਾ ਦਾ ਸਮਾਨਤਾ ਪੱਤਰ ਜੋ ਕਿ ਬੋਰਡ ਦੀ ਅਕਾਦਮਿਕ ਸ਼ਾਖਾ ਵਲੋਂ ਅਸਲ ਸਰਟੀਫਿਕੇਟਾਂ ਦੇ ਆਧਾਰ ਤੇ ਜਾਰੀ ਕੀਤਾ ਜਾਣਾ ਹੈ।

ਹੇਠਲੀ ਪ੍ਰੀਖਿਆਂ ਸੀ.ਬੀ. ਐਸ. ਈ., ਆਈ ਸੀ.ਐਸ.ਈ., ਹਰਿਆਣਾ, ਹਿਮਾਚਲ, ਜੰਮੂ ਕਸ਼ਮੀਰ ਅਤੇ ਰਾਜਸਥਾਨ ਬੋਰਡਾਂ ਤੋਂ ਪਾਸ ਕਰਨ ਵਾਲੇ ਵਿਦਿਆਰਥਆਂ ਨੂੰ ਛੱਡਕੇ ਬਾਕੀ ਬੋਰਡਾਂ ਅਤੇ ਸਮੂਹ ਨੈਸ਼ਨਲ ਓਪਨ ਸਕੂਲ ਵਾਲੇ ਵਿਦਿਆਰਥੀਆਂ ਦੇ ਕੇਸਾਂ ਵਿੱਚ ਬੋਰਡ ਦੀ ਅਕਾਦਮਿਕ ਸ਼ਾਖਾ ਤੋਂ ਸਮਾਨਤਾ ਪੱਤਰ ਪ੍ਰਾਪਤ ਕਰਕੇ ਪੇਸ਼ ਕੀਤੇ ਜਾਣ।

2. ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਕੀਤੇ ਨਿਰਧਾਰਤ ਦਾਖਲਾ ਸ਼ੈਡਿਊਲ ਦੀਆਂ ਅੰਤਿਮ ਮਿਤੀਆਂ ਤੋਂ ਬਆਦ ਦੂਜੇ ਬੋਰਡਾਂ ਤੋਂ ਮਾਈਗਰੇਟ ਹੋਣ ਵਾਲੇ ਵਿਦਿਆਰਥੀਆਂ ਦੇ ਕੇਸਾਂ ਵਿੱਚ ਨਿਰਧਾਰਤ ਪ੍ਰਫਾਰਮੇ ਤੇ ਚੇਅਰਮੈਨ ਸਾਹਿਬ, ਤੋਂ ਦਾਖਲੇ ਸਬੰਧੀ ਅਗੇਤੀ ਪ੍ਰਵਾਨਗੀ ਪ੍ਰਾਪਤ ਕੀਤੀ ਜਾਵੇ।

3. ਚੇਅਰਮੈਨ, ਪੰਜਾਬ ਸਕੂਲ ਸਿੱਖਿਆ ਬੋਰਡ ਜੀ ਵੱਲੋਂ ਮਾਈਗ੍ਰੇਸ਼ਨ ਦੀ ਆਗਿਆ ਦੇਣ ਉਪਰੰਤ ਜਾਰੀ ਹੋਏ ਮਾਈਗਰੇਸ਼ਨ ਸਰਟੀਫਿਕੇਟ ਦੇ ਆਧਾਰ ਤੇ ਵਿਦਿਆਰਥੀ ਨੂੰ 15 ਦਿਨਾਂ ਦੇ ਅੰਦਰ-ਅੰਦਰ ਸਕੂਲ ਵਿੱਚ ਦਾਖਲਾ ਲੈ ਲੈਣਾ ਚਾਹੀਦਾ ਹੈ। ਦਾਖਲਾ ਨਾ ਲੈਣ ਦੀ ਸੂਰਤ ਵਿੱਚ ਆਗਿਆ ਰੱਦ ਹੋਈ ਸਮਝੀ ਜਾਵੇਗੀ। ਰੱਦ ਹੋਈ ਆਗਿਆ ਵਾਲੇ ਵਿਦਿਆਰਥੀ ਨੂੰ ਵਿਸ਼ੇਸ਼ ਹਾਲਤਾਂ ਵਿੱਚ ਦੁਬਾਰਾ ਆਗਿਆ ਮੁੜ ਫੀਸ ਜਮ੍ਹਾਂ ਕਰਵਾਉਣ ਤੇ ਹੀ ਦਿੱਤੀ ਜਾਵੇਗੀ।

**ਨੋਟ : ਉਪਰੋਕਤ ਲੜੀ ਨੰ: 1 ਅਤੇ ਅ, ੲ ਅਤੇ ਸ ਤੇ ਦਰਸਾਏ ਅਸਲ ਦਸਤਾਵੇਜਾ ਦੀਆਂ ਸਬੰਧਤ ਸਕੂਲ ਮੁੱਖੀ ਤੋਂ ਤਸਦੀਕਸ਼ੁਦਾ ਫੋਟੋ ਸਟੇਟ ਕਾਪੀਆਂ ਰਜਿਸਟ੍ਰੇਸ਼ਨ ਰਿਟਰਨ ਨਾਲ ਬੋਰਡ ਦੇ ਦਫਤਰ ਨੂੰ ਭੇਜੀਆਂ ਜਾਣ। ਪ੍ਰੰਤੂ ਮਾਈਗਰੇਸ਼ਨ ਸਰਟੀਫਿਕੇਟ ਅਸਲ ਭੇਜਿਆ ਜਾਵੇ।**

**ਭਾਗ – ਸ**

ੳ) ਸ਼ੈਸ਼ਨ ਦੌਰਾਨ ਗਿਆਰਵੀਂ/ਬਾਰ੍ਹਵੀਂ ਸ਼੍ਰੇਣੀ ਵਿੱਚ ਕੋਈ ਵਿਦਿਆਰਥੀ ਸਕੂਲ ਮਾਈਗ੍ਰੇਟ ਕਰਨ ਦਾ ਚਾਹਵਾਨ ਹੋਵੇ ਤਾਂ ਦੋਨੋ ਸਕੂਲ ਮੁਖੀਆਂ ਦੀ ਸਿਫਾਰਸ਼ਾਂ ਸਹਿਤ ਉਹ ਮਾਈਗਰੇਸ਼ਨ ਸਰਟੀਫਿਕੇਟ ਪ੍ਰਾਪਤ ਕਰੇਗਾ ਜੇਕਰ ਉਸਦੇ ਸਕੂਲ ਲੀਵਿੰਗ ਸਰਟੀਫਿਕੇਟ ਤੇ ਰਜਿਸਟਰੇਸ਼ਨ ਨੰਬਰ ਦਰਜ ਹੈ, ਉਹ ਆਰੰਭਕ ਸਟੇਜ ਤੇ (ਦਾਖਲਾ ਸ਼ਡਿਊਲ ਦੀਆਂ ਮਿਤੀਆਂ ਤੱਕ) ਕਿਸੇ ਵੀ ਸਕੂਲ ਵਿੱਚ ਦਾਖਲੇ ਲਈ ਯੋਗ ਹੈ।

ਅ) ਬੋਰਡ ਵੱਲੋਂ ਜਾਰੀ ਦਾਖਲਾ ਸ਼ਡਿਊਲ ਦੀਆਂ ਮਿਤੀਆਂ ਖਤਮ ਹੋਣ ਉਪਰੰਤ ਕਿਸੇ ਵੀ ਵਿਦਿਆਰਥੀ ਨੂੰ ਬੋਰਡ ਵੱਲੋਂ ਜਾਰੀ ਮਾਈਗਰੇਸ਼ਨ ਸਰਟੀਫਿਕੇਟ ਤੋਂ ਬਿਨਾ ਦਾਖਲ ਨਾ ਕੀਤਾ ਜਾਵੇ। ਬੋਰਡ ਵੱਲੋਂ ਮਾਈਗ੍ਰੇਸ਼ਨ ਠੋਸ ਕਾਰਨਾਂ ਦੇ ਆਧਾਰ ਤੇ ਹੀ ਕੀਤੀ ਜਾਵੇਗੀ।

11. ਗਿਆਰਵੀਂ/ਬਾਰਵੀਂ ਸ਼੍ਰੇਣੀ ਦੀ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕੇਵਲ ਪ੍ਰੀਖਿਆ ਸ਼ੁਰੂ ਹੋਣ ਤੋ ਇੱਕ ਮਹੀਨਾ ਪਹਿਲਾ ਤੱਕ ਹੀ ਕੀਤੀ ਜਾਵੇਗੀ ਅਤੇ ਇਸ ਤੋ ਪਿੱਛੋ ਵਿਰਲੇ ਕੇਸਾ ਵਿੱਚ ਜਿਵੇ ਮਾਤਾ-ਪਿਤਾ/ਗਾਰਡੀਅਨ ਦੀ ਟਰਾਸਫਰ/ਅਚਾਨਕ ਮੌਤ ਹੋਣ ਦੀ ਸੂਰਤ ਵਿੱਚ ਮਾਈਗ੍ਰੇਸ਼ਨ ਮਾਨਯੋਗ ਚੇਅਰਮੈਨ ਸਾਹਿਬ ਵੱਲੋ ਆਗਿਆ ਦੇਣ ਉਪਰੰਤ ਹੀ ਕੀਤੀ ਜਾਵੇਗੀ। ਅਜਿਹਾ ਕਰਨ ਲਈ ਵਿਦਿਆਰਥੀ ਮਾਈਗ੍ਰੇਸ਼ਨ ਫਾਰਮ ਦੋਨੋ ਸਕੂਲ ਮੁੱਖੀਆਂ ਤੋ ਤਸਦੀਕ ਕਰਾਉਣਗੇ। ਮਾਈਗ੍ਰੇਸ਼ਨ ਫੀਸਾਂ ਦਾ ਪੜਾਅਵਾਰ ਵੇਰਵਾ ਹੇਠ ਲਿਖੇ ਅਨੁਸਾਰ ਹੋਵੇਗਾ :-

1. ਪਹਿਲੇ ਸਮੈਸਟਰ ਲਈ ਫੀਸ - 500/- ਰੁਪਏ
2. ਦੂਜੇ ਸਮੈਸਟਰ ਲਈ ਫੀਸ - 1000 /- ਰੁਪਏ

ਸਹਾਇਕ ਸਕੱਤਰ (ਰਜਿ. ਮਾਈ.)

ਵਾਸਤੇ ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।